ਸਾਰਗ ਮਹਲਾ ੫ ॥ ਬਿਨੁ ਪ੍ਰਭ ਰਹਨੁ ਨ ਜਾਇ ਘਰੀ ॥ ਸਰਬ ਸੂਖ ਤਾਹੂ ਕੈ ਪੂਰਨ ਜਾ ਕੈ ਸੁਖੁ ਹੈ ਹਰੀ ॥੧॥ ਰਹਾਉ ॥ ਮੰਗਲ ਰੂਪ ਪ੍ਰਾਨ ਜੀਵਨ ਧਨ ਸਿਮਰਤ ਅਨਦ ਘਨਾ ॥ ਵਡ ਸਮਰਥੁ ਸਦਾ ਸਦ ਸੰਗੇ ਗੁਨ ਰਸਨਾ ਕਵਨ ਭਨਾ ॥੧॥ ਥਾਨ ਪਵਿਤ੍ਰਾ ਮਾਨ ਪਵਿਤ੍ਰਾ ਪਵਿਤ੍ਰ ਸੁਨਨ ਕਹਨਹਾਰੇ ॥ ਕਹੁ ਨਾਨਕ ਤੇ ਭਵਨ ਪਵਿਤ੍ਰਾ ਜਾ ਮਹਿ ਸੰਤ ਤੁਮ੍ਹ੍ਹਾਰੇ ॥੨॥੩੨॥੫੫॥ {ਪੰਨਾ 1215}

ਪਦਅਰਥ:- ਘਰੀ—(ਇਕ) ਘੜੀ। ਸਰਬ—ਸਾਰੇ। ਤਾਹੂ ਕੈ—ਉਸ ਦੇ ਹਿਰਦੇ ਵਿਚ ਹੀ। ਜਾ ਕੈ—ਜਿਸ ਦੇ ਹਿਰਦੇ ਵਿਚ। ਹਰੀ—ਪਰਮਾਤਮਾ।1। ਰਹਾਉ।

ਮੰਗਲ—ਖ਼ੁਸ਼ੀਆਂ। ਸਿਮਰਤ—ਸਿਮਰਦਿਆਂ। ਘਨਾ—ਬਹੁਤ। ਸਮਰਥੁ—ਤਾਕਤ ਵਾਲਾ। ਸਦ—ਸਦਾ। ਸੰਗੇ—ਨਾਲ। ਰਸਨਾ—ਜੀਭ ਨਾਲ। ਗੁਨ ਕਵਨ—ਕਿਹੜੇ ਕਿਹੜੇ ਗੁਣ? ਭਨਾ—ਭਨਾਂ, ਮੈਂ ਉਚਾਰਾਂ।1। ਰਹਾਉ।

ਥਾਨ—ਥਾਂ {ਬਹੁ-ਵਚਨ}। ਮਾਨ—ਮੰਨਣ ਵਾਲੇ। ਸੁਨਨਹਾਰੇ—ਸੁਣਨ ਵਾਲੇ। ਕਹਨਹਾਰੇ—ਕਹਿਣ ਵਾਲੇ। ਤੇ ਭਵਨ—ਉਹ ਘਰ {ਬਹੁ-ਵਚਨ}। ਜਾ ਮਹਿ—ਜਿਨ੍ਹਾਂ (ਘਰਾਂ) ਵਿਚ।2।

ਅਰਥ:- ਹੇ ਭਾਈ! ਜਿਸ (ਮਨੁੱਖ) ਦੇ ਹਿਰਦੇ ਵਿਚ ਸੁਖਾਂ ਦਾ ਮੂਲ ਪਰਮਾਤਮਾ ਆ ਵੱਸਦਾ ਹੈ, ਉਸ ਮਨੁੱਖ ਦੇ ਹੀ (ਹਿਰਦੇ ਵਿਚ ਸਾਰੇ ਸੁਖ ਆ ਵੱਸਦੇ ਹਨ। ਉਹ ਮਨੁੱਖ ਪਰਮਾਤਮਾ ਦੀ ਯਾਦ ਤੋਂ ਬਿਨਾ ਇਕ ਘੜੀ ਭੀ ਨਹੀਂ ਰਹਿ ਸਕਦਾ।1। ਰਹਾਉ।

ਹੇ ਭਾਈ! ਉਹ ਪ੍ਰਭੂ ਖ਼ੁਸ਼ੀਆਂ ਦਾ ਰੂਪ ਹੈ, ਪ੍ਰਾਣਾਂ ਦਾ ਜੀਵਨ ਦਾ ਆਸਰਾ ਹੈ, ਉਸ ਨੂੰ ਸਿਮਰਦਿਆਂ ਬਹੁਤ ਆਨੰਦ ਪ੍ਰਾਪਤ ਹੁੰਦੇ ਹਨ। ਹੇ ਭਾਈ! ਉਹ ਪ੍ਰਭੂ ਵੱਡੀਆਂ ਤਾਕਤਾਂ ਦਾ ਮਾਲਕ ਹੈ, ਸਦਾ ਹੀ ਸਦਾ ਹੀ (ਸਾਡੇ) ਨਾਲ ਰਹਿੰਦਾ ਹੈ। ਮੈਂ ਆਪਣੀ ਜੀਭ ਨਾਲ ਉਸ ਦੇ ਕਿਹੜੇ ਕਿਹੜੇ ਗੁਣ ਬਿਆਨ ਕਰਾਂ?।1।

ਹੇ ਨਾਨਕ! ਆਖ—ਹੇ ਪ੍ਰਭੂ! (ਜਿਥੇ ਤੇਰਾ ਨਾਮ ਉਚਾਰਿਆ ਜਾਂਦਾ ਹੈ) ਉਹ ਥਾਂ ਪਵਿੱਤਰ ਹੋ ਜਾਂਦੇ ਹਨ, ਤੇਰੇ ਨਾਮ ਨੂੰ ਮੰਨਣ ਵਾਲੇ (ਸਰਧਾ ਨਾਲ ਮਨ ਵਿਚ ਵਸਾਣ ਵਾਲੇ) ਪਵਿੱਤਰ ਹੋ ਜਾਂਦੇ ਹਨ, ਤੇਰੇ ਨਾਮ ਨੂੰ ਸੁਣਨ ਵਾਲੇ ਤੇ ਜਪਣ ਵਾਲੇ ਪਵਿੱਤਰ ਹੋ ਜਾਂਦੇ ਹਨ। ਜਿਨ੍ਹਾਂ ਘਰਾਂ ਵਿਚ ਤੇਰੇ ਸੰਤ ਵੱਸਦੇ ਹਨ ਉਹ ਪਵਿੱਤਰ ਹੋ ਜਾਂਦੇ ਹਨ।2।32।55।